**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 03-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਭਾਰਤ ਵਾਧੂ ਭੋਜਨ ਪੈਦਾ ਕਰਨ ਵਾਲਾ ਦੇਸ਼ ਏ, ਅਤੇ ਵਿਸ਼ਵ ਖੁਰਾਕ ਸੁਰੱਖਿਆ ਤੇ ਵਿਸ਼ਵ ਪੋਸ਼ਣ ਸੁਰੱਖਿਆ ਵਿੱਚ ਲੱਗਾ ਹੋਇਆ ਏ।
- ਕੇਂਦਰੀ ਵਣਜ ਤੇ ਸਨਅਤ ਰਾਜ ਮੰਤਰੀ, ਜਤਿਨ ਪ੍ਰਸਾਦ ਅੱਜ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਵਿਖੇ, ਨਤ ਮਸਤਕ ਹੋਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।
- ਪੰਜਾਬ ਰਾਜ ਸਹਿਕਾਰੀ ਬੈਂਕ ਅਤੇ 20 ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਨੇ, ਸੀ.ਬੀ.ਐਸ. ਅਪਗ੍ਰੇਡੇਸ਼ਨ ਸਮਝੌਤਾ ਸਹੀਬੱਧ ਕੀਤਾ ਏ ।
- ਪੈਰਿਸ ਓਲੰਪਿਕ- 2024 ਦੇ ਅੱਜ 8ਵੇਂ ਦਿਨ, ਸ਼ੂਟਿੰਗ ਵਿੱਚ ਮਨੂ ਭਾਕਰ ਔਰਤਾਂ ਦੇ 25 ਮੀਟਰ ਪਿਸਟਲ ਮੁਕਾਬਲੇ ਵਿੱਚ ਚੌਥੇ ਸਥਾਨ ’ਤੇ ਰਹਿ ਕੇ ਹੈਟ੍ਰਿਕ ਤੋਂ ਖੁੰਝੀ।

-----------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਭਾਰਤ ਵਾਧੂ ਭੋਜਨ ਪੈਦਾ ਕਰਨ ਵਾਲਾ ਦੇਸ਼ ਏ ਅਤੇ ਵਿਸ਼ਵ ਖੁਰਾਕ ਸੁਰੱਖਿਆ ਤੇ ਵਿਸ਼ਵ ਪੋਸ਼ਣ ਸੁਰੱਖਿਆ ਵਿੱਚ ਲੱਗਾ ਹੋਇਆ ਏ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੇ ਜੀਵਨ ਨੂੰ ਸੁਧਾਰਨ ਦੇ ਮੰਤਵ ਨਾਲ, ਸੁਧਾਰਾਂ ਅਤੇ ਉਪਾਵਾਂ ਨਾਲ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਕਰ ਰਹੀ ਏ। ਅੱਜ ਨਵੀਂ ਦਿੱਲੀ ਵਿੱਚ ਖੇਤੀ ਅਰਥ ਸ਼ਾਸਤਰੀਆਂ ਦੀ 32ਵੀਂ ਅੰਤਰ-ਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਖੇਤੀਬਾੜੀ ਸਰਕਾਰ ਦੀ ਆਰਥਿਕ ਨੀਤੀ ਦਾ ਕੇਂਦਰ ਏ ਅਤੇ ਭਾਰਤ ਬਾਜਰੇ, ਦੁੱਧ, ਦਾਲਾਂ ਤੇ ਮਸਾਲਿਆਂ ਦਾ ਸਭ ਤੋਂ ਵੱਡਾ ਉਤਪਾਦਕ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਰਸਾਇਣ ਮੁਕਤ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰ ਰਿਹਾ ਏ ਅਤੇ ਕੇਂਦਰੀ ਬਜਟ 2024-25 ਵਿੱਚ, ਟਿਕਾਊ ਖੇਤੀ 'ਤੇ ਧਿਆਨ ਕੇਂਦਰਿਤ ਕੀਤਾ ਗਿਐ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿਛਲੇ 10 ਸਾਲਾਂ ਵਿੱਚ ਫਸਲਾਂ ਦੀਆਂ ਇੱਕ ਹਜ਼ਾਰ 900 ਨਵੀਆਂ ਜਲਵਾਯੂ ਅਨੁਕੂਲ ਕਿਸਮਾਂ ਪ੍ਰਦਾਨ ਕੀਤੀਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਖੇਤੀਬਾੜੀ ਖੇਤਰ ਵਿੱਚ ਡਿਜੀਟਲ ਤਕਨਾਲੋਜੀ ਦੀ ਵਰਤੋਂ ਕਰ ਰਿਹਾ ਏ ਅਤੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਤਹਿਤ, ਇੱਕ ਕਲਿੱਕ ਨਾਲ 10 ਕਰੋੜ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਫੰਡ ਟਰਾਂਸਫਰ ਕੀਤੇ ਜਾਂਦੇ ਨੇ।

-----------------------------------------------------------------

ਕੇਂਦਰੀ ਵਣਜ ਤੇ ਸਨਅਤ ਰਾਜ ਮੰਤਰੀ ਜਤਿਨ ਪ੍ਰਸਾਦ ਅੱਜ ਅੰਮ੍ਰਿਤਸਰ ਵਿਚ, ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਨ੍ਹਾਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬੈਠ ਕੇ ਕੁਝ ਸਮਾਂ ਗੁਰਬਾਣੀ ਕੀਰਤਨ ਵੀ ਸਰਵਣ ਕੀਤਾ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਜਤਿਨ ਪ੍ਰਸਾਦ ਨੇ ਕਿਹਾ ਕਿ ਅੱਜ ਉਹ, ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸ੍ਰੀ ਦਰਬਾਰ ਸਾਹਿਬ ਵਿੱਚ ਆ ਕੇ ਰੂਹ ਨੂੰ ਇੱਕ ਵੱਖਰਾ ਸਕੂਨ ਮਿਲਦਾ ਏ। ਉਨਾਂ ਸਿਆਸਤ ਨਾਲ ਸਬੰਧਿਤ ਕਿਸੇ ਵੀ ਸਵਾਲ ਦਾ ਜਵਾਬ ਦੇਣ ਤੋਂ ਇਨਕਾਰ ਕੀਤਾ ਤੇ ਕਿਹਾ ਕਿ ਉਹ ਸਿਰਫ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਨੇ।

-----------------------------------------------------------------

ਪੰਜਾਬ BJP ਦੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਨੇ, ਕੇਂਦਰੀ ਮੰਤਰੀ ਅਤੇ BJP ਦੇ ਕੌਮੀ ਪ੍ਰਧਾਨ ਜੇ.ਪੀ.ਨੱਡਾ ਨਾਲ ਕਲ ਨਵੀਂ ਦਿੱਲੀ ਵਿਖੇ, ਮੁਲਾਕਾਤ ਕੀਤੀ । ਉਨਾਂ ਜੇ.ਪੀ.ਨੱਡਾ ਨੂੰ ਦੱਸਿਆ ਕਿ ਭਾਵੇਂ ਉਹ, ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਚੋਣ ਹਾਰ ਗਏ, ਪਰ ਉਹ

ਹਲਕੇ ਵਿੱਚ ਪਾਰਟੀ ਦੀ ਮਜ਼ਬੂਤ ਮੌਜੂਦਗੀ ਕਾਇਮ ਕਰਨ ਵਿੱਚ ਸਫਲ ਰਹੇ ਨੇ । ਉਹ ਸ੍ਰੀ ਆਨੰਦਪੁਰ ਸਾਹਿਬ ਹਲਕੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਰਹਿਣਗੇ ਅਤੇ ਅਗਲੀਆਂ ਚੋਣਾਂ ਵਿੱਚ, ਜ਼ਰੂਰ ਜਿੱਤ ਪ੍ਰਾਪਤ ਕਰਨਗੇ। ਡਾ. ਸੁਭਾਸ਼ ਸ਼ਰਮਾ ਨੇ ਕਿਹਾ ਕਿ ਜੇ.ਪੀ ਨੱਡਾ ਦੀ ਅਗਵਾਈ ਹੇਠ BJP ਨੇ ਪੰਜਾਬ ਦੀਆਂ ਸਾਰੀਆਂ 13 ਸੀਟਾਂ 'ਤੇ ਲੋਕ ਸਭਾ ਚੋਣਾਂ ਜ਼ੋਰਦਾਰ ਢੰਗ ਨਾਲ ਲੜੀਆਂ ਅਤੇ ਪਾਰਟੀ ਪੰਜਾਬ ਵਿਚ ਵੋਟ ਫੀਸਦੀ  ਵਧਾਉਣ ਵਿਚ ਕਾਮਯਾਬ ਰਹੀ। ਉਨਾਂ ਕਿਹਾ ਕਿ ਜੇ.ਪੀ. ਨੱਡਾ ਦਾ ਪਿਆਰ ਤੇ ਆਸ਼ੀਰਵਾਦ ਉਨਾਂ ਨੂੰ ਹਮੇਸ਼ਾਂ ਹੀ ਮਿਲਿਆ ਏ ਅਤੇ ਇਸ ਮੁਲਾਕਾਤ ਮਗਰੋਂ ਉਨ੍ਹਾਂ ਅੰਦਰ ਨਵੀਂ ਊਰਜਾ ਭਰੀ ਏ।

---------------------------------------------------------

ਅੱਜ 14ਵਾਂ ਭਾਰਤੀ ਅੰਗ ਦਾਨ ਦਿਵਸ ਏ । ਇਸ ਮੌਕੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ ਤਹਿਤ ਕੌਮੀ ਅੰਗ ਅਤੇ ਟਿਸ਼ੂ ਟਰਾਂਸਪਲਾਂਟ ਸੰਗਠਨ ਨੇ ਅੱਜ ਨਵੀਂ ਦਿੱਲੀ ਵਿੱਚ ਅੰਗਦਾਨ ਜਾਗਰੂਕਤਾ ਪ੍ਰੋਗਰਾਮ ਕਰਵਾਇਆ । ਸਿਹਤ ਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰਿਯਾ ਪਟੇਲ ਨੇ ਆਪਣੇ ਪਰਿਵਾਰਕ ਮੈਂਬਰਾਂ ਦੇ ਅੰਗ ਦਾਨ ਕਰਨ ਵਾਲੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ। ਰੋਟਰੀ ਕਲੱਬ

ਖਰੜ ਦੇ ਮੈਂਬਰ ਹਰਪ੍ਰੀਤ ਸਿੰਘ ਰੇਖੀ ਅਤੇ ਹੁਸ਼ਿਆਰਪੁਰ ਤੋਂ ਕੋਰਨੀਅਲ ਟ੍ਰਾਂਸਪਲਾਂਟ ਸੁਸਾਇਟੀ ਦੇ ਪ੍ਰਧਾਨ ਸੰਜੀਵ ਅਰੋੜਾ ਦਾ ਕਹਿਣਾ ਏ ਕਿ ਅੰਗਦਾਨ ਦੇ ਖੇਤਰ ਵਿਚ ਲੋਕਾਂ ਨੂੰ ਖੁਲ ਕੇ ਅਗੇ ਆਉਣਾ ਚਾਹੀਦਾ ਏ।

--------------------------------------------------

ਪੰਜਾਬ ਵਿੱਚ ਸਹਿਕਾਰੀ ਖੇਤਰ ਦੀ ਕੁਸ਼ਲਤਾ ਅਤੇ ਪ੍ਰਭਾਵਸ਼ੀਲਤਾ ਨੂੰ ਵਧਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲਕਦਮੀ ਕਰਦਿਆਂ, ਪੰਜਾਬ ਰਾਜ ਸਹਿਕਾਰੀ ਬੈਂਕ ਅਤੇ 20 ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਨੇ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਅਤੇ ਵਿੱਤੀ ਕਮਿਸ਼ਨਰ ਸਹਿਕਾਰਤਾ ਵੀ.ਕੇ. ਸਿੰਘ ਦੀ ਮੌਜੂਦਗੀ ਵਿੱਚ ਮੈਸਰਜ਼ ਏਜਰਵ ਸਿਸਟਮਜ਼ ਲਿਮਟਿਡ ਅਤੇ ਮੈਸਰਜ਼ ਡਾਇਨਾ-ਕੌਨਜ਼ ਸਿਸਟਮਜ਼ ਐਂਡ ਸਲਿਊਸ਼ਨਜ਼ ਲਿਮਟਿਡ ਨਾਲ, ਸੀ.ਬੀ.ਐਸ. ਅਪਗ੍ਰੇਡੇਸ਼ਨ ਸਮਝੌਤਾ ਸਹੀਬੱਧ ਕੀਤਾ ਏ। ਵੀ.ਕੇ. ਸਿੰਘ ਨੇ ਸੁਸਾਇਟੀਆਂ ਦੇ ਸਕੱਤਰਾਂ ਅਤੇ ਪ੍ਰਬੰਧਕ ਕਮੇਟੀਆਂ ਤੱਕ ਜਾਣਕਾਰੀ ਪਹੁੰਚਾਉਣ ਦੀ ਸਹੂਲਤ ਪ੍ਰਦਾਨ ਕਰਨ ਲਈ ਇਸ ਤਕਨਾਲੋਜੀ ਦੀ ਸ਼ੁਰੂਆਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸਹਿਕਾਰੀ ਖੇਤਰ ਵਿੱਚ ਵਧੇਰੇ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਵੱਲ

ਇੱਕ ਅਹਿਮ ਕਦਮ ਏ । ਉਨ੍ਹਾਂ ਕਿਹਾ ਕਿ ਇਸ ਨਾਲ ਧੋਖਾਧੜੀ ਅਤੇ ਫੰਡਾਂ ਦੀ ਦੁਰਵਰਤੋਂ ਨੂੰ ਠੱਲ੍ਹ ਪਵੇਗੀ । ਵੀ.ਕੇ. ਸਿੰਘ ਨੇ ਕਿਹਾ ਕਿ ਕੋਰ ਬੈਂਕਿੰਗ ਹੱਲ ਲਈ ਇਨਫੋਸਿਸ ਦੇ ਫਿਨਾਕਲ-10 ਦੀ ਵਰਤੋਂ ਸਾਰੇ ਹਿੱਸੇਦਾਰਾਂ ਦੇ ਏਕੀਕਰਨ ਨੂੰ ਵਧਾਏਗੀ ਅਤੇ ਸਹਿਜ ਲੈਣ-ਦੇਣ ਨੂੰ ਸਮਰੱਥ ਬਣਾਵੇਗੀ ਜਿਸ ਨਾਲ ਸਹਿਕਾਰੀ ਖੇਤਰ ਦੀ ਸਮੁੱਚੀ ਕੁਸ਼ਲਤਾ ਵਿੱਚ ਵਾਧਾ ਹੋਵੇਗਾ ।

------------------------------------------------------------

ਪੈਰਿਸ ਓਲੰਪਿਕ- 2024 ਦੇ ਅੱਜ 8ਵੇਂ ਦਿਨ ਸ਼ੂਟਿੰਗ ਵਿੱਚ ਮਨੂ ਭਾਕਰ ਔਰਤਾਂ ਦੇ 25 ਮੀਟਰ ਪਿਸਟਲ ਮੁਕਾਬਲੇ ਵਿੱਚ ਚੌਥੇ ਸਥਾਨ ’ਤੇ ਰਹੀ । ਉਹ ਹੈਟ੍ਰਿਕ ਤੋਂ ਖੁੰਝ ਗਈ ਅਤੇ ਦੋ ਇਤਿਹਾਸਕ ਕਾਂਸੀ ਦੇ ਤਗਮਿਆਂ ਨਾਲ, ਆਪਣਾ ਓਲੰਪਿਕ ਸਫ਼ਰ ਪੂਰਾ ਕੀਤਾ ਏ । ਚਾਰ ਐਥਲੀਟਾਂ ਦੇ ਮੈਦਾਨ ਵਿੱਚ ਬਚਣ ਨਾਲ, ਮਨੂ ਹੰਗਰੀ ਦੀ ਵੇਰੋਨਿਕਾ ਮੇਜਰ ਨਾਲ 28 ਅੰਕਾਂ ਨਾਲ ਬਰਾਬਰੀ 'ਤੇ ਰਹੀ ਅਤੇ ਪੰਜ ਸ਼ਾਟ ਸ਼ੂਟ ਆਫ ਵਿੱਚ ਮਨੂ ਦੋ ਵਾਰ ਖੁੰਝ ਗਈ ਜਦੋਂ ਕਿ ਮੇਜਰ ਸਿਰਫ ਇੱਕ ਵਾਰ ਹੀ ਖੁੰਝੀ । ਤੀਰ ਅੰਦਾਜ਼ੀ ਦੇ ਔਰਤ  ਵਰਗ ਵਿਚ ਭਜਨ ਕੌਰ ਨੂੰ ਵੀ ਨਿਰਾਸ਼ਾ ਮਿਲੀ ਅਤੇ ਉਹ, ਅਗਲੇ ਗੇੜ ਲਈ ਕੁਆਲੀਫਾਈ ਨਹੀਂ ਕਰ

ਸਕੀ, ਜਦਕਿ ਦੀਪਿਕਾ ਕੁਮਾਰੀ ਵੀ ਵੂਮੈਨਸ ਇਨ੍ਡਵਿਜੂਅਲ ਦਾ ਕੁਆਟਰ ਫਾਈਨਲ ਹਾਰ ਗਈ ਏ। ਏਧਰ ਮਰਦਾਂ ਦੀ ਹਾਕੀ ਵਿੱਚ ਕੱਲ੍ਹ ਭਾਰਤ ਨੇ, ਮਿਊਨਿਖ ਓਲੰਪਿਕ ਖੇਡਾਂ ਤੋਂ ਬਾਅਦ 52 ਸਾਲ ਦੇ ਲੰਮੇਂ ਸਮੇਂ ਤੋਂ ਬਾਅਦ ਪਹਿਲੀ ਵਾਰ ਓਲੰਪਿਕ ਖੇਡਾਂ ਵਿੱਚ ਆਸਟਰੇਲੀਆ ਨੂੰ 3-2 ਨਾਲ ਹਰਾਇਆ । ਹੁਣ ਕੁਆਰਟਰ ਫਾਈਨਲ ਵਿੱਚ ਭਾਰਤ ਦਾ ਮੁਕਾਬਲਾ ਭਲਕੇ, 4 ਅਗਸਤ ਨੂੰ ਗ੍ਰੇਟ ਬ੍ਰਿਟੇਨ ਨਾਲ ਹੋਵੇਗਾ।

------------------------------------------------------------

ਇਸ ਦੌਰਾਨ ਪੈਰਿਸ ਓਲੰਪਿਕ ਵਿਚ ਭਾਰਤੀ ਖਿਡਾਰੀਆਂ ਦੇ ਪ੍ਰਦਰਸ਼ਨ ਤੋਂ ਆਮ ਲੋਕਾਂ ਨੂੰ ਬਹੁਤ ਆਸਾਂ ਨੇ। ਭਾਰਤੀ ਸਟੇਟ ਬੈਂਕ ਦੇ ਸਾਬਕਾ ਡਿਪਟੀ ਜਨਰਲ ਮੈਨੇਜਰ, ਸੁਰਿੰਦਰ ਕਪੂਰ ਦੀ ਕਹਿਣਾ ਏ, ਕਿ ਭਾਰਤ ਸਰਕਾਰ ਦੀ 'ਖੇਲੋ ਇੰਡੀਆ ਮੁਹਿੰਮ' ਨੇ ਖਿਡਾਰੀਆਂ ਨੂੰ ਉਤਸ਼ਾਹਤ ਕੀਤਾ ਏ।

------------------------------------------------------------

ਫ਼ਤਹਿਗੜ੍ਹ ਸਾਹਿਬ ਵਿਖੇ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਕਿਹਾ ਕਿ ਇਫਕੋ ਵੱਲੋਂ ਕਿਸਾਨਾਂ ਨੂੰ ਖੇਤਾਂ ਵਿੱਚ ਡਰੋਨ ਰਾਹੀਂ ਸਪਰੇਅ

ਕਰਵਾਉਣ ਦੀ ਦਿੱਤੀ ਸਹੂਲਤ ਦਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਵੱਡਾ ਲਾਭ ਪਹੁੰਚੇਗਾ ਕਿਉਂਕਿ ਡਰੋਨ ਰਾਹੀਂ ਇੱਕ ਏਕੜ ਰਕਬੇ ਵਿੱਚ 7 ਮਿੰਟ ਚ ਸਪੇਅਰ ਕੀਤੀ ਜਾ ਸਕਦੀ ਏ ਅਤੇ ਇਸ ਨਾਲ ਇੱਕ ਏਕੜ ਰਕਬੇ ਵਿੱਚ ਸਪਰੇਅ ਕਰਨ ਨਾਲ ਸਿਰਫ 10 ਲੀਟਰ ਪਾਣੀ ਦੀ ਹੀ ਖਪਤ ਹੁੰਦੀ ਏ । ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਇਫਕੋ ਦੇ ਡਰੋਨ ਨੂੰ ਰਵਾਨਾਂ ਕਰਨ ਮੌਕੇ ਉਨ੍ਹਾਂ ਦੱਸਿਆ ਕਿ ਡਰੋਨ ਨਾਲ ਸਪਰੇਅ ਕਰਵਾਉਣ ਦੇ ਚਾਹਵਾਨ ਕਿਸਾਨ ਮੋਬਾਇਲ ਐਪ "ਇਫਕੋ ਕਿਸਾਨ ਓਦੇ" ਤੇ "ਇਫਕੋ ਸਹਿਕਾਰ ਉਡਾਨ" ਰਾਹੀਂ ਆਨ ਲਾਇਨ ਆਰਡਰ ਕਰ ਸਕਦੇ ਨੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦਾ ਆਰਡਰ ਸਬੰਧਤ ਤੱਕ ਪਹੁੰਚਣ ਉਪਰੰਤ ਉਨ੍ਹਾਂ ਦੇ ਖੇਤ ਵਿੱਚ ਆ ਕੇ ਸਪਰੇਅ ਕਰ ਦਿੱਤੀ ਜਾਵੇਗੀ।